# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :12-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸਰਕਾਰ ਵਿਦਿਆਰਥੀ ਮੁੱਦਿਆਂ ਸਮੇਤ ਕਿਸੇ ਵੀ ਮੁੱਦੇ 'ਤੇ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ।
- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਦੁਪਹਿਰ 2 ਵਜੇ ਤੱਕ ਮੁਲਤਵੀ ਕੀਤੀ ਗਈ ।
- -ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ -'ਵੰਦੇ ਮਾਤਰਮ' ਦੀ ਭਾਵਨਾ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਨੂੰ ਪ੍ਰੇਰਿਤ ਕੀਤਾ ਏ ।
- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਆਤਮਕਥਾ ਜਾਰੀ ਕੀਤੀ ।

- -ਪੰਜਾਬ ਦੇ ਕਪੂਰਥਲਾ ਸਥਿਤ ਰੇਲ ਕੋਚ ਫੈਕਟਰੀ, ਅੱਜ ਬੰਗਲਾਦੇਸ਼ ਰੇਲਵੇ ਲਈ, 19 LHB ਬ੍ਰੌਡ ਗੇਜ ਮੁਸਾਫ਼ਰ ਡੱਬੇਆਂ ਦੀ ਪਹਿਲੀ ਖੇਪ ਰਵਾਨਾ ਕਰ ਰਹੀ ਏ ।
- ਹਿਮਾਚਲ ਪ੍ਰਦੇਸ਼ ਦੇ ਸਿਰਮੌਰ ਜ਼ਿਲ੍ਹੇ 'ਚ ਇੱਕ ਪਿਕਅੱਪ ਵਾਹਨ ਦੇ ਡੂੰਘੀ ਖੱਡ ਵਿੱਚ ਡਿਗਣ ਕਾਰਨ ਚਾਰ ਲੋਕਾਂ ਦੀ ਮੌਤ -9 ਜ਼ਖਮੀ ।

***ਹੁਣ ਖਬਰਾਂ ਵਿਸਥਾਰ ਨਾਲ***

-------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਸਰਕਾਰ ਵਿਦਿਆਰਥੀ ਮੁੱਦਿਆਂ ਸਮੇਤ ਕਿਸੇ ਵੀ ਮੁੱਦੇ 'ਤੇ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ ਅਤੇ ਸੰਸਦ ਵਿੱਚ ਮੈਂਬਰਾਂ ਦੁਆਰਾ ਉਠਾਏ ਗਏ ਸਾਰੇ ਸਵਾਲਾਂ ਦੇ ਜਵਾਬ ਦੇਵੇਗੀ। ਸੰਸਦ ਕੰਪਲੈਕਸ ਵਿੱਚ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਅਮਿਤ ਸ਼ਾਹ ਨੇ ਕਿਹਾ ਕਿ ਸਰਕਾਰ ਕੋਲ ਲੁਕਾਉਣ ਲਈ ਕੁਝ ਨਹੀਂ ਏ ਅਤੇ ਉਹ ਚਰਚਾ ਲਈ ਤਿਆਰ ਏ ।

BYTE

ਅਮਿਤ ਸ਼ਾਹ ਨੇ ਕਿਹਾ ਕਿ ਸੰਸਦੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਸਰਕਾਰ NEET ਪ੍ਰੀਖਿਆ ਨੂੰ ਲੈ ਕੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਨਾਲ

ਸਬੰਧਤ ਸਾਰੇ ਪਹਿਲੂਆਂ 'ਤੇ ਚਰਚਾ ਕਰਨ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਅਜਿਹੇ ਗੰਭੀਰ ਮੁੱਦੇ 'ਤੇ ਸੰਸਦੀ ਪ੍ਰਕਿਰਿਆਵਾਂ ਅਨੁਸਾਰ ਚਰਚਾ ਕੀਤੀ ਜਾਣੀ ਚਾਹੀਦੀ ਏ । ਅਮਿਤ ਸ਼ਾਹ ਨੇ ਇਲਜ਼ਾਮ ਲਾਇਆ ਕਿ ਵਿਰੋਧੀ ਧਿਰ ਸਦਨ ਨੂੰ ਕੰਮ ਨਹੀਂ ਕਰਨ ਦੇ ਰਹੀ।

----------------------------------------------------------------------

ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਨੀਟ ਮੁੱਦੇ 'ਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਕਥਿਤ ਪੁਲਿਸ ਕਾਰਵਾਈ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਅੱਜ ਸਵੇਰੇ ਜਦੋਂ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਈ ਤਾ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪ੍ਰਸ਼ਨ ਕਾਲ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ, ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਨੀਟ ਮੁੱਦੇ 'ਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਕਥਿਤ ਪੁਲਿਸ ਕਾਰਵਾਈ ਅਤੇ ਅਯੁੱਧਿਆ ਰਾਮ ਮੰਦਰ ਨੂੰ ਦਾਨ ਵਿੱਚ ਕਥਿਤ ਬੇਨਿਯਮੀਆਂ ਦਾ ਮੁੱਦਾ ਉਠਾਇਆ। ਸ਼੍ਰੀ ਬਿਰਲਾ ਨੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਸਦਨ ਨੂੰ ਕੰਮ ਕਰਨ ਦੀ ਇਜਾਜ਼ਤ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਵੇਂ ਨੀਤੀਆਂ ਅਤੇ ਵਿਚਾਰਾਂ 'ਤੇ ਮਤਭੇਦ ਹੋ ਸਕਦੇ ਹਨ, ਪਰ ਦੇਸ਼ ਦੇ ਲੋਕ ਚਾਹੁੰਦੇ ਹਨ ਕਿ ਸੰਸਦ

ਸੁਚਾਰੂ ਢੰਗ ਨਾਲ ਚੱਲੇ। ਸਪੀਕਰ ਨੇ ਕਿਹਾ ਕਿ ਸਰਕਾਰ ਵਿਰੋਧੀ ਧਿਰ ਦੀ ਮੰਗ 'ਤੇ ਸਹਿਮਤ ਹੋ ਗਈ ਹੈ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਬਿਆਨ ਦੇਣ ਲਈ ਤਿਆਰ ਨੇ। ਉਨ੍ਹਾਂ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਨੂੰ ਸਹਿਮਤੀ ਬਣਾਉਣ ਅਤੇ ਗੱਲਬਾਤ ਰਾਹੀਂ ਅੱਗੇ ਵਧਣ ਦੀ ਅਪੀਲ ਕੀਤੀ। ਲਗਾਤਾਰ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਇਸ ਤੋਂ ਪਹਿਲਾਂ, ਲੋਕ ਸਭਾ ਦੇ ਸਪੀਕਰ ਨੇ ਕਿਹਾ ਕਿ ਅੱਜ ਅੰਤਰਰਾਸ਼ਟਰੀ ਯੁਵਾ ਦਿਵਸ ਏ ਅਤੇ ਦੇਸ਼ ਦੇ ਨੌਜਵਾਨ ਸਿੱਖਿਆ, ਵਿਗਿਆਨ, ਪੁਲਾੜ, ਤਕਨਾਲੋਜੀ ਅਤੇ ਉੱਦਮਤਾ ਸਮੇਤ ਕਈ ਖੇਤਰਾਂ ਵਿੱਚ ਆਪਣੀ ਪਛਾਣ ਬਣਾ ਰਹੇ ਨੇ। ਉਨ੍ਹਾਂ ਕਿਹਾ ਕਿ ਭਾਰਤ ਆਪਣੇ ਨੌਜਵਾਨਾਂ ਦੀ ਸਮਰੱਥਾ ਦੇ ਕਾਰਨ ਵਿਸ਼ਵ-ਵਿਆਪੀ ਮਾਨਤਾ ਪ੍ਰਾਪਤ ਕਰ ਰਿਹਾ ਏ। BYTE

ਓਧਰ ਰਾਜ ਸਭ ਵਿਚ ਵੀ ਇਸੇ ਤਰਾਂ ਦਾ ਮਾਹੌਲ ਵੇਖਣ ਨੂੰ ਮਿਲਿਆ। ਜਦੋਂ ਸਵੇਰੇ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ ਤਾਂ ਮੰਤਰੀਆਂ ਨੇ ਆਪੋ -ਆਪਣੇ ਮੰਤਰਾਲਿਆਂ ਦੇ ਦਸਤਾਵੇਜ਼ ਮੇਜ਼ 'ਤੇ ਰੱਖੇ। ਰੱਖਿਆ, ਵਿੱਤ, ਆਵਾਜਾਈ, ਸੈਰ-ਸਪਾਟਾ ਅਤੇ ਸੱਭਿਆਚਾਰ, ਖੇਤੀਬਾੜੀ, ਪਸ਼ੂ ਪਾਲਣ ਅਤੇ ਫੂਡ ਪ੍ਰੋਸੈਸਿੰਗ, ਕੋਲਾ ਖਾਣਾਂ ਅਤੇ ਸਟੀਲ ਬਾਰੇ ਸੰਸਦੀ ਸਥਾਈ ਕਮੇਟੀਆਂ ਦੀਆਂ ਰਿਪੋਰਟਾਂ ਵੀ ਪੇਸ਼ ਕੀਤੀਆਂ ਗਈਆਂ।

ਰਾਜ ਸਭਾ ਦੇ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵਿਰੋਧੀ ਧਿਰ ਦੇ ਹੰਗਾਮੇ ਵਿਚਕਾਰ ਸਿਫ਼ਰ ਕਾਲ ਸ਼ੁਰੂ ਕੀਤਾ। ਸਿਫ਼ਰ ਕਾਲ ਦੌਰਾਨ, ਸੀ.ਪੀ.ਆਈ-(ਐਮ) ਮੈਂਬਰ ਜੌਨ ਬ੍ਰਿਟਾਸ ਨੇ ਸਦਨ ਵਿੱਚ ਇੱਕ ਮੈਂਬਰ ਵੱਲੋਂ ਉਨ੍ਹਾਂ ਖਿਲਾਫ ਕੀਤੀ ਗਈ ਕਥਿਤ ਅਪਮਾਨਜਨਕ ਟਿੱਪਣੀ ਦਾ ਮੁੱਦਾ ਉਠਾਇਆ। ਇਸ ਮੁੱਦੇ 'ਤੇ, ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਕਈ ਘਟਨਾਵਾਂ ਆਈਆਂ ਹਨ ਜਿਨ੍ਹਾਂ ਵਿੱਚ ਮੈਂਬਰਾਂ ਨੇ ਦੂਜੇ ਮੈਂਬਰਾਂ ਦੇ ਭਾਸ਼ਣਾਂ ਵਿੱਚ ਅਸ਼ਲੀਲ ਅਤੇ ਅਣਉਚਿਤ ਟਿੱਪਣੀਆਂ ਕੀਤੀਆਂ ਹਨ। BJP ਦੇ ਸਤਨਾਮ ਸਿੰਘ ਸੰਧੂ ਨੇ ਵੀ ਜਨਤਕ ਮਹੱਤਵ ਦੇ ਇਸ ਮੁੱਦੇ ਨੂੰ ਉਠਾਇਆ। ਹੰਗਾਮੇ ਦੇ ਵਿਚਕਾਰ, ਸਭਾਪਤੀ ਨੇ ਸਦਨ ਨੂੰ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤਾ।

--------------------------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ 'ਵੰਦੇ ਮਾਤਰਮ' ਦੀ ਭਾਵਨਾ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਨੂੰ ਪ੍ਰੇਰਿਤ ਕੀਤਾ ਅਤੇ ਦੇਸ਼ ਦੀ ਪਛਾਣ ਨੂੰ ਮਜ਼ਬੂਤ ਕਰਨਾ ਜਾਰੀ ਰੱਖਿਆ। ਉਨ੍ਹਾਂ ਨੇ ਇਹ ਗੱਲ ਸੱਭਿਆਚਾਰ ਮੰਤਰਾਲੇ ਵੱਲੋਂ ਰਾਸ਼ਟਰੀ ਗੀਤ ਦੀ 150ਵੀਂ ਵਰ੍ਹੇਗੰਢ ਮਨਾਉਣ ਲਈ ਆਯੋਜਿਤ 'ਹਰ ਘਰ ਤਿਰੰਗਾ' ਬਾਈਕ ਰੈਲੀ ਵਿੱਚ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਕਹੀ । ਉਪ-

ਰਾਸ਼ਟਰਪਤੀ ਨੇ ਕਿਹਾ ਕਿ 'ਵੰਦੇ ਮਾਤਰਮ' ਦੇ ਸ਼ਬਦਾਂ ਨੇ ਦੇਸ਼ ਭਗਤੀ ਦੀ ਭਾਵਨਾ ਨੂੰ ਜਗਾਇਆ ਅਤੇ ਬਸਤੀਵਾਦੀ ਸ਼ਾਸਨ ਖਿਲਾਫ ਲੜਾਈ ਵਿੱਚ ਵੱਖ-ਵੱਖ ਖੇਤਰਾਂ, ਭਾਸ਼ਾਵਾਂ ਅਤੇ ਧਰਮਾਂ ਦੇ ਲੋਕਾਂ ਨੂੰ ਇੱਕਜੁੱਟ ਕੀਤਾ। ਵੀਰ ਸਾਵਰਕਰ, ਨੇਤਾਜੀ ਸੁਭਾਸ਼ ਚੰਦਰ ਬੋਸ ਅਤੇ ਤਿਰਪੁਰ ਕੁਮਾਰਨ ਵਰਗੇ ਆਜ਼ਾਦੀ ਘੁਲਾਟੀਆਂ ਦੇ ਬਲੀਦਾਨ ਨੂੰ ਯਾਦ ਕਰਦੇ ਹੋਏ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਿੰਮਤ ਨੇ 'ਵੰਦੇ ਮਾਤਰਮ' ਦੀ ਭਾਵਨਾ ਨੂੰ ਜ਼ਿੰਦਾ ਰੱਖਿਆ। ਸ੍ਰੀ ਰਾਧਾਕ੍ਰਿਸ਼ਨਨ ਨੇ 'ਹਰ ਘਰ ਤਿਰੰਗਾ' ਮੁਹਿੰਮ ਨੂੰ ਇੱਕ ਜਨ ਅੰਦੋਲਨ ਕਿਹਾ ਜੋ ਨਾਗਰਿਕਾਂ ਨੂੰ ਸਰਗਰਮੀ ਨਾਲ ਹਿੱਸਾ ਲੈਣ, ਮਾਣ ਨਾਲ ਤਿਰੰਗਾ ਲਹਿਰਾਉਣ ਅਤੇ ਏਕਤਾ ਅਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਉਤਸ਼ਾਹਿਤ ਕਰਦਾ ਏ । ਇਸ ਮੌਕੇ ਕੇਂਦਰੀ ਮੰਤਰੀ ਕਿਰਨ ਰਿਜਿਜੂ, ਡਾ: ਜਤਿੰਦਰ ਸਿੰਘ, ਗਜੇਂਦਰ ਸਿੰਘ ਸ਼ੇਖਾਵਤ, ਡਾ: ਵਰਿੰਦਰ ਕੁਮਾਰ, ਜੀ. ਕਿਸ਼ਨ ਰੈੱਡੀ, ਰਾਜੀਵ ਰੰਜਨ ਸਿੰਘ ਵੀ ਮੌਜੂਦ ਰਹੇ ।

---------------------------------------------------------------------

ਹਰ ਘਰ ਤਿਰੰਗਾ ਮੁਹਿੰਮ ਤਹਿਤ ਦੇਸ਼ ਭਰ ਵਿੱਚ ਕਈ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ ।

ਯੁਵਾ ਮਾਮਲੇ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਸਵੇਰੇ ਮੇਜਰ ਧਿਆਨ ਚੰਦ ਸਟੇਡੀਅਮ ਤੋਂ 'ਹਰ ਘਰ ਤਿਰੰਗਾ'

ਸਾਈਕਲ ਰੈਲੀ ਨੂੰ ਰਵਾਨਾ ਕੀਤਾ। ਸ਼੍ਰੀ ਮਾਂਡਵੀਆ ਨੇ ਦਿੱਲੀ ਯੂਨੀਵਰਸਿਟੀ ਦੇ ਮਾਈ ਭਾਰਤ ਵਾਲੰਟੀਅਰਾਂ ਨਾਲ ਰੈਲੀ ਦੀ ਅਗਵਾਈ ਕੀਤੀ। ਇਸ ਮੌਕੇ ਸ਼੍ਰੀ ਮਾਂਡਵਿਆ ਨੇ ਕਿਹਾ BYTE

ਓਧਰ ਜੰਮੂ ਕਸ਼ਮੀਰ ਵਿੱਚ ਅੱਜ ਸ਼੍ਰੀਨਗਰ ਦੀ ਮਸ਼ਹੂਰ ਡੱਲ ਝੀਲ ਦੇ ਕੰਢੇ ਬੂਲੇ-ਵਾਰਡ ਰੋਡ 'ਤੇ ਇੱਕ ਵਿਸ਼ਾਲ ਤਿਰੰਗਾ ਯਾਤਰਾ ਦਾ ਆਯੋਜਨ ਕੀਤਾ ਗਿਆ। ਉਪ ਰਾਜਪਾਲ ਮਨੋਜ ਸਿਨਹਾ ਨੇ ਰੈਲੀ ਦੀ ਅਗਵਾਈ ਕੀਤੀ, ਜਿਸ ਵਿੱਚ ਹਜ਼ਾਰਾਂ ਵਿਦਿਆਰਥੀ, ਸਰਕਾਰੀ ਕਰਮਚਾਰੀ, ਸੁਰੱਖਿਆ ਕਰਮਚਾਰੀ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕ ਸ਼ਾਮਲ ਹੋਏ। ਭਾਗ ਲੈਣ ਵਾਲਿਆਂ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਰਸਤੇ ਵਿੱਚ ਦੇਸ਼ ਭਗਤੀ ਦੇ ਗੀਤ ਗਾਏ। ਜੰਮੂ ਕਸ਼ਮੀਰ ਪੁਲਿਸ ਬੈਂਡ ਨੇ ਰੈਲੀ ਦੌਰਾਨ ਰਾਸ਼ਟਰੀ ਗੀਤ ਅਤੇ ਹੋਰ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ।

---------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਇੱਕ ਸਮਾਗਮ ਵਿੱਚ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਸਵੈ-ਜੀਵਨੀ, "ਭਾਰਤੀ ਗਣਰਾਜ ਦੀ ਜਿੱਤ -ਮੇਰੀ ਜ਼ਿੰਗਦੀ-ਮੇਰਾ ਸੰਘਰਸ਼" ਜਾਰੀ ਕੀਤੀ। ਇਸ ਮੌਕੇ ਸ਼੍ਰੀ ਮੋਦੀ ਨੇ ਕਿਹਾ ਕਿ ਉਹ, ਸਾਬਕਾ ਰਾਸ਼ਟਰਪਤੀ ਕੋਵਿੰਦ ਦੇ ਜੀਵਨ ਦੇ ਤਜ਼ਰਬਿਆਂ ਅਤੇ

ਯੋਗਤਾਵਾਂ 'ਤੇ ਭਰੋਸਾ ਰੱਖਦੇ ਨੇ ਅਤੇ ਇਹ ਸਵੈ-ਜੀਵਨੀ ਭਾਰਤੀ ਲੋਕਤੰਤਰ ਅਤੇ ਸਮਾਜ ਲਈ ਇੱਕ ਕੀਮਤੀ ਖਜ਼ਾਨਾ ਹੋਵੇਗੀ । ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼੍ਰੀ ਕੋਵਿੰਦ ਦੇ ਜੀਵਨ ਅਤੇ ਸਮਾਜ ਅਤੇ ਰਾਸ਼ਟਰ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਬਹੁਤ ਕੁਝ ਵਿਸਥਾਰ ਵਿੱਚ ਕਿਹਾ ਜਾ ਸਕਦਾ ਏ । ਉਨ੍ਹਾਂ ਲੋਕਾਂ ਨੂੰ ਇਸ ਤੋਂ ਪੂਰਾ ਲਾਭ ਉਠਾਉਣ ਲਈ ਕਿਤਾਬ ਨੂੰ ਖੁਦ ਪੜ੍ਹਨ ਲਈ ਉਤਸ਼ਾਹਿਤ ਕੀਤਾ।
BYTE:RNU120826
ਇਹ ਸਵੈ-ਜੀਵਨੀ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਜੀਵਨ ਯਾਤਰਾ ਦਾ ਇੱਕ ਬਹੁਤ ਹੀ ਨਿੱਜੀ ਬਿਰਤਾਂਤ ਪੇਸ਼ ਕਰਦੀ ਏ ਜਿਸ ਵਿੱਚ ਉਨ੍ਹਾਂ ਦੇ ਅਨੁਭਵਾਂ, ਸੰਘਰਸ਼ਾਂ ਅਤੇ ਪ੍ਰਾਪਤੀਆਂ, ਉਨ੍ਹਾਂ ਦੇ ਸ਼ੁਰੂਆਤੀ ਜੀਵਨ ਤੋਂ ਲੈ ਕੇ ਉਨ੍ਹਾਂ ਦੇ ਸ਼ਾਨਦਾਰ ਜਨਤਕ ਜੀਵਨ ਅਤੇ ਅੰਤ ਵਿੱਚ ਭਾਰਤ ਦੇ 14ਵੇਂ ਰਾਸ਼ਟਰਪਤੀ ਵਜੋਂ ਉਨ੍ਹਾਂ ਦੀ ਸੇਵਾ ਦਾ ਵਰਣਨ ਕੀਤਾ ਗਿਆ ਏ । ਇਹ ਕਿਤਾਬ ਉਨ੍ਹਾਂ ਕਦਰਾਂ-ਕੀਮਤਾਂ, ਅਨੁਭਵਾਂ ਅਤੇ ਹਾਲਾਤ ਬਾਰੇ ਜਾਣਕਾਰੀ ਪ੍ਰਦਾਨ ਕਰਦੀ ਏ ਜਿਨ੍ਹਾਂ ਨੇ ਉਨ੍ਹਾਂ ਦੇ ਜੀਵਨ ਅਤੇ ਜਨਤਕ ਸੇਵਾ ਨੂੰ ਆਕਾਰ ਦਿੱਤਾ। ਪ੍ਰਧਾਨ ਮੰਤਰੀ ਵਲੋਂ ਸਵੈ-ਜੀਵਨੀ ਦਾ ਜਾਰੀ ਹੋਣਾ ਭਾਰਤ ਦੇ ਸਭ ਤੋਂ ਸਤਿਕਾਰਤ ਜਨਤਕ ਸ਼ਖਸੀਅਤਾਂ ਵਿੱਚੋਂ ਇੱਕ ਦੇ ਜੀਵਨ ਅਤੇ ਯੋਗਦਾਨ ਦਾ ਜਸ਼ਨ ਮਨਾਉਣ ਦਾ ਇੱਕ ਮਹੱਤਵਪੂਰਨ ਮੌਕਾ ਏ ।

---

ਪੰਜਾਬ ਦੇ ਕਪੂਰਥਲਾ ਸਥਿਤ ਰੇਲ ਕੋਚ ਫੈਕਟਰੀ, ਅੱਜ ਬੰਗਲਾਦੇਸ਼ ਰੇਲਵੇ ਲਈ, 19 LHB ਬ੍ਰੌਡ ਗੇਜ ਮੁਸਾਫ਼ਰ ਡੱਬੇਆਂ ਦੀ ਪਹਿਲੀ ਖੇਪ ਰਵਾਨਾ ਕਰ ਰਹੀ ਏ । ਇਸ ਰੇਕ ਵਿੱਚ 3 ਏਸੀ ਸਲੀਪਰ ਕਾਰ, 3 ਏ.ਸੀ ਚੇਅਰ ਕਾਰ, 11 ਨਾਨ-ਏ.ਸੀ ਚੇਅਰ ਕਾਰ ਅਤੇ 2 ਪਾਵਰ ਕਾਰਾਂ ਸ਼ਾਮਲ ਨੇ । ਇਹਨਾਂ ਕੋਚ ਵਿੱਚ ਕਈ ਵਿਲੱਖਣ ਡਿਜ਼ਾਈਨ ਵਿਸ਼ੇਸ਼ਤਾਵਾਂ ਅਤੇ ਸੋਧਾਂ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਪਹਿਲੀ ਵਾਰ ਇਸ ਕਿਸਮ ਦੇ ਕੋਚਾਂ ਵਿੱਚ ਵਿਕਸਤ ਕੀਤੇ ਗਏ ਨੇ । ਅਧਿਕਾਰਤ ਸਰੋਤਾਂ ਦਾ ਹਵਾਲਾ ਦਿੰਦੇ ਹੋਏ, ਸਾਡੇ ਪੱਤਰਕਾਰ ਨੇ ਦਸਿਆ ਕਿ ਕੋਚਾਂ ਨੂੰ ਬੰਗਲਾਦੇਸ਼ ਰੇਲਵੇ ਦੀਆਂ ਸੰਚਾਲਨ ਅਤੇ ਯਾਤਰੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤਾ ਗਿਆ ਏ । ਬੈਠਣ ਦੀ ਵਿਵਸਥਾ ਵਿੱਚ ਸਟੇਨਲੈਸ ਸਟੀਲ ਦੇ ਆਰਮਰੈਸਟ ਅਤੇ ਸਟੇਨਲੈਸ-ਸਟੀਲ ਫੁੱਟ-ਰੇਸਟ ਦੇ ਨਾਲ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤੀਆਂ ਰੀਕਲਾਈਨਿੰਗ ਕੁਰਸੀਆਂ ਸ਼ਾਮਲ ਨੇ । ਉਹਨਾਂ ਕੋਲ ਇੱਕ ਏਕੀਕ੍ਰਿਤ ਸੀ.ਸੀ.ਟੀ.ਵੀ ਨਿਗਰਾਨੀ ਪ੍ਰਣਾਲੀ, ਇੱਕ ਯਾਤਰੀ ਅਲਾਰਮ ਸਿਸਟਮ, ਇੱਕ ਬੇਬੀ ਕੇਅਰ ਰੂਮ ਅਤੇ ਇੱਕ ਪ੍ਰਾਰਥਨਾ ਰੂਮ ਵੀ ਏ । ਆਰ.ਸੀ.ਐਫ, ਕਪੂਰਥਲਾ ਅਤੇ ਬੰਗਲਾਦੇਸ਼ ਰੇਲਵੇ ਵਿਚਕਾਰ ਇਸ ਸਹਿਯੋਗ ਦੀ ਸ਼ੁਰੂਆਤ 2015-16 ਦੌਰਾਨ

120 ਐਲ.ਐਚ.ਬੀ ਬ੍ਰੌਡ ਗੇਜ ਯਾਤਰੀ ਕੋਚਾਂ ਦੀ ਸਫਲ ਸਪਲਾਈ ਨਾਲ  ਹੋਈ ਸੀ।

-----------------------------------------------------------------

ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ, ਐਲਬਾ ਸਮੈਰੀ-ਗਲੀਓ ਨੇ ਬ੍ਰਿਟੇਨ ਵਿੱਚ ਰਹਿੰਦੇ ਪੰਜਾਬੀਆਂ ਦੀਆਂ ਵੱਖ-ਵੱਖ ਚਿੰਤਾਵਾਂ 'ਤੇ ਚਰਚਾ ਕੀਤੀ, ਜਿਸ ਵਿੱਚ ਉਨ੍ਹਾਂ ਦੇ ਹਿੱਤਾਂ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦੇ ਵੀ ਸ਼ਾਮਲ ਨੇ । ਸ਼੍ਰੀਮਤੀ ਸਮੈਰੀ-ਗਲੀਓ ਅਤੇ ਪੰਜਾਬ ਦੇ ਐਨ.ਆਰ.ਆਈ ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਦੋਵਾਂ ਨੇ ਕੱਲ੍ਹ ਚੰਡੀਗੜ੍ਹ ਵਿਖੇ ਆਪਣੀ ਮੁਲਾਕਾਤ ਦੌਰਾਨ ਪੰਜਾਬੀ ਪ੍ਰਵਾਸੀ ਭਾਈਚਾਰੇ ਨਾਲ ਸਬੰਧਤ ਮਾਮਲਿਆਂ 'ਤੇ ਆਪਸੀ ਸੰਚਾਰ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡਿਪਟੀ ਹਾਈ ਕਮਿਸ਼ਨਰ ਨੇ ਨੌਜਵਾਨਾਂ ਨੂੰ ਵੀਜ਼ਾ ਧੋਖਾਧੜੀ ਅਤੇ ਬ੍ਰਿਟੇਨ ਵਿੱਚ ਸੁਰੱਖਿਅਤ ਅਤੇ ਕਾਨੂੰਨੀ ਗਤੀਸ਼ੀਲਤਾ ਬਾਰੇ ਜਾਗਰੂਕ ਕਰਨ ਲਈ ਲੁਧਿਆਣਾ ਦੇ ਇੱਕ ਪਿੰਡ ਦਾ ਦੌਰਾ ਵੀ ਕੀਤਾ। ਬਾਅਦ ਵਿੱਚ, ਆਪਣੇ ਅਧਿਕਾਰਤ ਸੋਸ਼ਲ ਮੀਡੀਆ ਅਕਾਊਂਟ 'ਤੇ ਲੈ ਕੇ ਉਨ੍ਹਾਂ ਕਿਹਾ ਕਿ ਉਨ੍ਹਾਂ ਲੋਕਾਂ ਨਾਲ ਸਿੱਧੇ ਜੁੜਨ ਅਤੇ  ਤਜਰਬੇ ਸੁਣਨ ਦਾ ਇੱਕ ਵਧੀਆ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਸਹੀ ਜਾਣਕਾਰੀ ਤੱਕ ਪਹੁੰਚ ਲੋਕਾਂ ਨੂੰ ਵੀਜ਼ਾ ਧੋਖਾਧੜੀ ਅਤੇ ਅਸੁਰੱਖਿਅਤ

ਪ੍ਰਵਾਸ ਰੂਟਾਂ ਤੋਂ ਬਚਾਉਣ ਦੇ ਸਭ ਤੋਂ ਵਧੀਆ ਤਰੀਕਿਆਂ ਵਿੱਚੋਂ ਇੱਕ ਏ ।

---------------------------------------------------------------------

ਹਰਿਆਣਾ ਗੁਣਵੱਤਾ ਭਰੋਸਗੀ ਅਥਾਰਟੀ ਦੇ ਚੇਅਰਮੈਨ ਸਮੀਰ ਪਾਲ ਸਰੋ ਨੇ ਨਵੀਂ ਦਿੱਲੀ ਵਿੱਚ ਭਾਰਤੀ ਗੁਣਵੱਤਾ ਕੌਂਸਲ ਦੇ ਮੁੱਖ ਦਫ਼ਤਰ ਵਿਖੇ ਸੀਨੀਅਰ ਅਧਿਕਾਰੀਆਂ ਨਾਲ ਇੱਕ ਮੀਟਿੰਗ ਕੀਤੀ। ਸ਼੍ਰੀ ਸਰੋ ਨੇ ਦੱਸਿਆ ਕਿ ਮੀਟਿੰਗ ਵਿੱਚ ਹਰਿਆਣਾ ਵਿੱਚ ਗੁਣਵੱਤਾ ਭਰੋਸਗੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ, ਗੁਣਵੱਤਾ ਦੀ ਸੰਸਥਾਗਤ ਸੱਭਿਆਚਾਰ ਵਿਕਸਤ ਕਰਨ ਅਤੇ ਇੰਜੀਨੀਅਰਿੰਗ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਗੁਣਵੱਤਾ ਦੇ ਮਿਆਰਾਂ ਦੀ ਪ੍ਰਭਾਵਸ਼ਾਲੀ ਪਾਲਣਾ ਨੂੰ ਯਕੀਨੀ ਬਣਾਉਣ ਬਾਰੇ ਵਿਸਥਾਰ ਚ ਚਰਚਾ ਕੀਤੀ ਗਈ। ਇਸ ਤੋਂ ਇਲਾਵਾ, ਸੜਕਾਂ, ਇਮਾਰਤਾਂ, ਪੁਲਾਂ ਅਤੇ ਹੋਰ ਜਨਤਕ ਉਪਯੋਗਤਾ ਢਾਂਚਿਆਂ ਲਈ ਮੌਜੂਦਾ ਗੁਣਵੱਤਾ ਨਿਰੀਖਣ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਆਧੁਨਿਕ ਗੁਣਵੱਤਾ ਪ੍ਰਬੰਧਨ ਪ੍ਰਣਾਲੀਆਂ ਨੂੰ ਅਪਣਾਉਣ 'ਤੇ ਕੇਂਦ੍ਰਿਤ ਚਰਚਾ ਕੀਤੀ ਗਈ। ਸਮਰੱਥਾ ਨਿਰਮਾਣ, ਨਵੀਂ ਤਕਨਾਲੋਜੀਆਂ ਦੀ ਵਰਤੋਂ ਅਤੇ ਮੁਹਾਰਤ ਦੇ ਆਦਾਨ-ਪ੍ਰਦਾਨ ਰਾਹੀਂ ਗੁਣਵੱਤਾ ਨਿਗਰਾਨੀ, ਪ੍ਰੋਜੈਕਟ ਕੁਸ਼ਲਤਾ ਅਤੇ ਲੰਬੇ ਸਮੇਂ ਦੇ ਰੱਖ-ਰਖਾਅ ਵਿੱਚ ਸੁਧਾਰ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਕੀਤੀ ਗਈ।

-------------------------------------------------------------------------

ਹਿਮਾਚਲ ਪ੍ਰਦੇਸ਼ ਦੇ ਸਿਰਮੌਰ ਜ਼ਿਲ੍ਹੇ 'ਚ ਸ਼੍ਰੀ ਰੇਣੁਕਾਜੀ ਵਿਧਾਨ ਸਭਾ ਹਲਕੇ ਦੇ ਗੈਟਲੋਗ ਨੇੜੇ ਇੱਕ ਪਿਕਅੱਪ ਵਾਹਨ ਡੂੰਘੀ ਖੱਡ ਵਿੱਚ ਡਿੱਗ ਗਿਆ। ਹਾਦਸੇ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ ਅਤੇ 9 ਜ਼ਖਮੀ ਹੋ ਗਏ। ਜ਼ਖਮੀਆਂ ਵਿੱਚੋਂ ਦੋ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ । ਸਾਰਿਆਂ ਨੂੰ ਇਲਾਜ ਲਈ ਨਾਹਨ ਮੈਡੀਕਲ ਕਾਲਜ ਭੇਜਿਆ ਗਿਆ ਏ ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਏ । ਜਾਣਕਾਰੀ ਅਨੁਸਾਰ, ਪਿਕਅੱਪ ਵਾਹਨ ਸੰਗ-ਰਾਹ ਤੋਂ ਅਰਲੂ ਜਾ ਰਿਹਾ ਸੀ। ਇਸ ਦੌਰਾਨ, ਗੈਟਲੋਗ ਨੇੜੇ, ਵਾਹਨ ਆਪਣਾ ਸੰਤੁਲਨ ਗੁਆ ਬੈਠਾ ਅਤੇ ਸੜਕ ਤੋਂ ਡੂੰਘੀ ਖੱਡ ਵਿੱਚ ਡਿੱਗ ਗਿਆ। ਸਿਰਮੌਰ ਦੇ ਪੁਲਿਸ ਸੁਪਰਡੈਂਟ ਨਿਸ਼ਾਂਤ ਸਿੰਘ ਨੇਗੀ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਏ ।

-------------------------------------------------------------------------

ਗ੍ਰੈਂਡ-ਮਾਸਟਰ ਆਰ. ਪ੍ਰਗਿਆਨ-ਨੰਦਾ ਨੇ ਅਮਰੀਕਾ ਵਿੱਚ ਆਯੋਜਿਤ ਇੱਕ ਗ੍ਰੈਂਡ ਸ਼ਤਰੰਜ ਟੂਰ ਈਵੈਂਟ ਸਿੰਕਫੀਲਡ ਕੱਪ ਦੇ ਦੂਜੇ ਦੌਰ ਵਿੱਚ ਜ਼ਾਵੋ-ਖਿਰ ਸਿੰਦਾ-ਰੋਵ ਨੂੰ ਹਰਾ ਕੇ ਆਪਣੀ ਪਹਿਲੀ ਜਿੱਤ ਦਰਜ ਕੀਤੀ, ਏ । ਪ੍ਰਗਿਆਨ-ਨੰਦਾ ਨੇ ਸ਼ੁਰੂ ਤੋਂ ਅਖੀਰ ਤੱਕ 95-ਚਾਲਾਂ ਦੇ

ਮੈਚ ਵਿੱਚ ਦਬਦਬਾ ਬਣਾਇਆ। ਇਸ ਜਿੱਤ ਨਾਲ, ਪ੍ਰਗਿਆਨ-ਨੰਦਾ ਦੇ ਹੁਣ ਦੋ ਮੈਚਾਂ ਤੋਂ ਡੇਢ ਅੰਕ ਨੇ ।

---------------------------------------------------------------

• ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸਰਕਾਰ ਵਿਦਿਆਰਥੀ ਮੁੱਦਿਆਂ ਸਮੇਤ ਕਿਸੇ ਵੀ ਮੁੱਦੇ 'ਤੇ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ।

• ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਦੁਪਹਿਰ 2 ਵਜੇ ਤੱਕ ਮੁਲਤਵੀ ਕੀਤੀ ਗਈ ।

• -ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ -'ਵੰਦੇ ਮਾਤਰਮ' ਦੀ ਭਾਵਨਾ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਨੂੰ ਪ੍ਰੇਰਿਤ ਕੀਤਾ ਏ ।

• -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਆਤਮਕਥਾ ਜਾਰੀ ਕੀਤੀ ।

• -ਪੰਜਾਬ ਦੇ ਕਪੂਰਥਲਾ ਸਥਿਤ ਰੇਲ ਕੋਚ ਫੈਕਟਰੀ, ਅੱਜ ਬੰਗਲਾਦੇਸ਼ ਰੇਲਵੇ ਲਈ, 19 LHB ਬ੍ਰੌਡ ਗੇਜ ਮੁਸਾਫ਼ਰ ਡੱਬੇਆਂ ਦੀ ਪਹਿਲੀ ਖੇਪ ਰਵਾਨਾ ਕਰ ਰਹੀ ਏ । ਅਤੇ

- ਹਿਮਾਚਲ ਪ੍ਰਦੇਸ਼ ਦੇ ਸਿਰਮੌਰ ਜ਼ਿਲ੍ਹੇ 'ਚ ਇੱਕ ਪਿਕਅੱਪ ਵਾਹਨ ਦੇ ਡੂੰਘੀ ਖੱਡ ਵਿੱਚ ਡਿਗਣ ਕਾਰਨ ਚਾਰ ਲੋਕਾਂ ਦੀ ਮੌਤ -9 ਜ਼ਖਮੀ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗ 6.20 ਨਮਸਕਾਰ